# ਵਰਲਡ ਪੰਜਾਬੀ ਟਾਈਮਜ਼
## WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times 19 ਮਈ 2024 ਦਿਨ ਐਤਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਪੰਜਾਬੀ ਪ੍ਰੈਸ ਕਲੱਬ ਵੱਲੋਂ ਬਬਰ ਅਕਾਲੀ ਕਰਮ ਸਿੰਘ ਦੌਲਤਪੁਰ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 19 ਮਈ : ਪੰਜਾਬੀ ਪ੍ਰੈਸ ਕਲੱਬ ਬੀ.ਸੀ. ਵੱਲੋਂ ਬਬਰ ਅਕਾਲੀ ਲਹਿਰ ਦੇ ਮਹਾਨ ਯੋਧੇ ਅਤੇ 'ਬਬਰ ਅਕਾਲੀ ਦੋਆਬਾ' ਅਖ਼ਬਾਰ ਦੇ ਮੁੱਖ ਸੰਪਾਦਕ ਭਾਈ ਕਰਮ ਸਿੰਘ ਬਬਰ ਅਕਾਲੀ ਦੀ ਸ਼ਹਾਦਤ ਦੇ ਸ਼ਤਾਬਦੀ ਵਰ੍ਹੇ 'ਤੇ ਜਰਨੈਲ ਆਰਟ ਗੈਲਰੀ ਸਰੀ ਵਿਚ ਵਿਸ਼ੇਸ਼ ਸਮਾਗਮ ਕਰਵਾਇਆ ਗਿਆ ਜਿਸ ਵਿਚ ਵੱਖ ਵੱਖ ਵਿਦਵਾਨਾਂ ਅਤੇ ਬੁਲਾਰਿਆਂ ਨੇ ਬਬਰ ਅਕਾਲੀ ਲਹਿਰ, ਗ਼ਦਰ ਲਹਿਰ, ਗ਼ਦਰੀ ਬਾਬਿਆਂ ਅਤੇ ਬਬਰ ਅਕਾਲੀਆਂ ਵੱਲੋਂ ਭਾਰਤ ਦੀ ਅਜ਼ਾਦੀ ਲਈ ਕੀਤੀਆਂ ਕੁਰਬਾਨੀਆਂ ਨੂੰ ਯਾਦ ਕੀਤਾ।



ਸਮਾਗਮ ਦੇ ਮੁੱਖ ਬੁਲਾਰੇ ਡਾ. ਗੁਰਦੇਵ ਸਿੰਘ ਸਿੱਧੂ ਨੇ ਇਸ ਮੌਕੇ ਬੋਲਦਿਆਂ ਕਿਹਾ ਹੈ ਕਿ ਇਤਿਹਾਸ ਗਵਾਹ ਹੈ ਕਿ ਪੰਜਾਬੀਆਂ ਅਤੇ ਖਾਸ ਕਰ ਕੇ ਸਿੱਖਾਂ ਨੇ ਆਪਣੀ ਹੋਂਦ ਅਤੇ ਪਛਾਣ ਨੂੰ ਕਾਇਮ ਰੱਖਣ ਵਾਸਤੇ ਅੰਗਰੇਜ਼ੀ ਹਕੂਮਤ ਨਾਲ ਲੰਮੀ ਲੜਾਈ ਲੜੀ। 1846 ਵਿਚ ਅੰਗਰੇਜ਼ਾਂ ਨੇ ਅਜੇ ਪੰਜਾਬ ਦੀ ਧਰਤੀ 'ਤੇ ਪੈਰ ਹੀ ਧਰਿਆ ਸੀ ਕਿ ਸਿੱਖਾਂ ਨੇ ਉਹਨਾਂ ਦੇ ਵਿਰੋਧ ਵਿਚ ਪੈਂਤੜੇ ਕਸ ਲਏ ਸਨ। ਡਾ. ਸਿੱਧੂ ਨੇ ਲੰਮੇ ਆਜ਼ਾਦੀ ਸੰਘਰਸ਼ ਦਾ ਵਰਨਣ ਕਰਦਿਆਂ ਬਬਰ ਅਕਾਲੀ ਕਰਮ ਸਿੰਘ ਦੌਲਤਪੁਰ ਵੱਲੋਂ ਇਸ ਵਿਚ ਪਾਏ ਯੋਗਦਾਨ ਦੀ ਗੱਲ ਕੀਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀਆਂ ਕੁਰਬਾਨੀਆਂ ਨੇ ਇੱਕ ਨਵਾਂ ਇਤਿਹਾਸ ਸਿਰਜਿਆ ਅਤੇ ਲੋਕਾਂ ਨੂੰ ਦੇਸ਼ ਵਾਸਤੇ ਕੁਰਬਾਨੀ ਕਰਨ ਦੀ ਪ੍ਰੇਰਨਾ ਦਿੱਤੀ। ਸ਼ਹੀਦ ਭਗਤ ਸਿੰਘ ਵੀ ਬਬਰਾਂ ਤੋਂ ਬਹੁਤ ਪ੍ਰਭਾਵਿਤ ਸੀ ਅਤੇ ਭਗਤ ਸਿੰਘ ਨੇ 'ਚਾਂਦ' ਨਾਂ ਦੇ ਇਕ ਹਿੰਦੀ ਰਸਾਲੇ ਵਿਚ ਬਬਰ ਅਕਾਲੀ ਕਰਮ ਸਿੰਘ ਤੇ ਉਸ ਦੇ ਤਿੰਨ ਹੋਰ ਸਾਥੀਆਂ ਬਾਰੇ 'ਫਾਂਸੀ' ਵਿਸ਼ੇਸ਼ ਅੰਕ ਕੱਢਿਆ ਸੀ। ਡਾ. ਸਿੱਧੂ ਨੇ ਇਹ ਵੀ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਜਦੋਂ ਦੇਸ਼ ਨੂੰ ਆਜ਼ਾਦੀ ਮਿਲੀ ਤਾਂ ਏਨੀਆਂ ਕੁਰਬਾਨੀਆਂ ਕਰਨ ਵਾਲੇ ਮਹਾਨ ਯੋਧਿਆਂ, ਦੇਸ਼ ਭਗਤਾਂ ਨੂੰ ਭੁਲਾ ਦਿੱਤਾ ਗਿਆ ਅਤੇ ਆਜ਼ਾਦੀ ਦਾ ਸਮੁੱਚਾ ਸਿਹਰਾ ਸਿਰਫ ਇਕ ਆਦਮੀ ਅਤੇ ਇਕ ਖਾਸ ਪਾਰਟੀ ਦੇ ਸਿਰ 'ਤੇ ਸਜਾ ਦਿੱਤਾ ਗਿਆ।

ਡਾ. ਗੁਰਵਿੰਦਰ ਸਿੰਘ ਧਾਲੀਵਾਲ ਨੇ ਕੁਝ ਵਿਦਵਾਨਾਂ, ਇਤਿਹਾਸਕਾਰਾਂ ਦੀਆਂ ਪੁਸਤਕਾਂ ਦੇ ਹਵਾਲਿਆਂ ਨਾਲ ਭਾਈ ਕਰਮ ਸਿੰਘ ਬਬਰ ਅਕਾਲੀ ਦੇ ਜੀਵਨ ਅਤੇ ਆਜ਼ਾਦੀ ਲਈ ਪਾਏ ਯੋਗਦਾਨ ਬਾਰੇ ਵਿਸਥਾਰ ਵਿਚ ਵਿਚਾਰ ਪੇਸ਼ ਕੀਤੇ। ਉਨ੍ਹਾਂ ਕਿਹਾ ਕਿ ਭਾਈ ਕਰਮ ਸਿੰਘ ਦੌਲਤਪੁਰ ਦਾ ਜੀਵਨ ਲੋਕਾਂ ਦੀ ਆਜ਼ਾਦੀ ਲਈ ਸਮਰਪਿਤ ਸੀ। ਅੰਗਰੇਜ਼ੀ ਹਕੂਮਤ ਨਾਲ ਲੜਾਈ ਲੜਦਿਆਂ ਹੀ ਉਹ 1 ਸਤੰਬਰ 1923 ਨੂੰ ਪਿੰਡ ਬਬੇਲੀ ਵਿਖੇ ਪੁਲਿਸ ਮੁਕਾਬਲੇ ਵਿਚ ਸ਼ਹਾਦਤ ਪਾ ਗਏ ਅਤੇ ਉਨ੍ਹਾਂ ਦੇ ਨਾਲ ਭਾਈ ਮਹਿੰਦਰ ਸਿੰਘ ਪੰਡੋਰੀ, ਭਾਈ ਗੰਗਾ ਸਿੰਘ, ਭਾਈ ਉਦੇ ਸਿੰਘ ਰਾਮਗੜ੍ਹ ਝੁੰਗੀਆਂ ਅਤੇ ਭਾਈ ਬਿਸ਼ਨ ਸਿੰਘ ਮਾਂਗਟ ਨੇ ਸ਼ਹੀਦੀਆਂ ਪਾਈਆਂ। ਉਨ੍ਹਾਂ ਕਿਹਾ ਕਿ ਇਨ੍ਹਾਂ ਯੋਧਿਆਂ ਦੇ ਸਦਕਾ ਹੀ ਮਿਲੀ ਸੱਤਾ 'ਤੇ ਕਾਬਜ਼ ਹੋਈ ਅਜੋਕੀ ਫਾਸ਼ੀਵਾਦੀ ਸਰਕਾਰ ਵਿਰੁੱਧ ਆਵਾਜ਼ ਬੁਲੰਦ ਕਰਨਾ ਹੀ ਸ਼ਹੀਦ ਭਾਈ ਕਰਮ ਸਿੰਘ ਬਬਰ ਅਕਾਲੀ ਨੂੰ ਸੱਚੀ ਸ਼ਰਧਾਂਜਲੀ ਹੈ।

ਡਾ. ਪੂਰਨ ਸਿੰਘ, ਬਖਸ਼ਿੰਦਰ, ਡਾ. ਜਗਤਾਰ ਕੌਰ ਦੁਸਾਂਝ, ਗੁਰਦੇਵ ਸਿੰਘ ਬਰਾੜ, ਮੋਹਨ ਗਿੱਲ, ਪ੍ਰਿੰ. ਮਲੂਕ ਚੰਦ ਕਲੇਰ, ਭੁਪਿੰਦਰ ਮੱਲ੍ਹੀ, ਜਰਨੈਲ ਸਿੰਘ ਆਰਟਿਸਟ ਅਤੇ ਗੁਰਪ੍ਰੀਤ ਸਿੰਘ ਸਹੋਤਾ ਨੇ ਵੀ ਭਾਈ ਕਰਮ ਸਿੰਘ ਵੱਲੋਂ ਭਾਰਤੀ ਆਜ਼ਾਦੀ ਪ੍ਰਤੀ ਲੜੇ ਘੋਲ ਨੂੰ ਸਿਜਦਾ ਕੀਤਾ। ਸਮਾਗਮ ਦੇ ਆਗਾਜ਼ ਵਿਚ ਪੰਜਾਬੀ ਪ੍ਰੈਸ ਕਲੱਬ ਦੇ ਜਨਰਲ ਸਕੱਤਰ ਜਰਨੈਲ ਸਿੰਘ ਆਰਟਿਸਟ ਨੇ ਹਾਜਰ ਸ਼ਖ਼ਸੀਅਤਾਂ ਨੂੰ ਜੀ ਆਇਆਂ ਕਿਹਾ। ਅੰਤ ਵਿਚ ਕਲੱਬ ਦੇ ਪ੍ਰਧਾਨ ਗੁਰਪ੍ਰੀਤ ਸਹੋਤਾ ਨੇ ਸਭਨਾਂ ਵਿਦਵਾਨਾਂ, ਬੁਲਾਰਿਆਂ ਅਤੇ ਸਰੋਤਿਆਂ ਦਾ ਧੰਨਵਾਦ ਕੀਤਾ।

## ਪੀਂਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ ਕਵਿਤਾ ਮੁਕਾਬਲਾ ਕਰਵਾਇਆ ਗਿਆ ਅਯਾਲੀ ਖੁਰਦ ਸੀਨੀਅਰ ਸੈਕੰਡਰੀ ਸਕੂਲ ਲੁਧਿਆਣਾ ਵਿਖੇ ਅਤੇ ਕਵਿਤਾ ਮੁਕਾਬਲੇ ਨੂੰ ਸਪਾਂਸਰ ਕੀਤਾ ਯੂਕੋ ਬੈਂਕ ਹਬੜਕਲਾਂ ਬ੍ਰਾਂਚ ਵੱਲੋਂ

### ਇਸ ਕਵਿਤਾ ਮੁਕਾਬਲੇ ਦਾ ਜੋ ਆਕਰਸ਼ਣ ਦਾ ਕੇਂਦਰ ਸੀ, ਉਹ ਸੀ ਅਯਾਲੀ ਖੁਰਦ ਸਕੂਲ, ਸਕੂਲ ਦੇ ਅਧਿਆਪਕ ਅਤੇ ਸਕੂਲ ਦੇ ਵਿਦਿਆਰਥੀ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 19 ਮਈ : ਪੰਜਾਬੀ ਦੇ ਪ੍ਰਸਾਰ ਵਿੱਚ ਆਪਣਾ ਯੋਗਦਾਨ ਪਾਉਂਦਾ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਪਹੁੰਚਿਆ ਅਯਾਲੀ ਖੁਰਦ ਸੀਨੀਅਰ ਸੈਕੰਡਰੀ ਸਕੂਲ ਲੁਧਿਆਣਾ ਵਿਖੇ। ਲੇਖਕਾਂ ਦਾ ਇਹ ਮੰਚ ਸਿਰਫ ਆਪਣੀ ਕਲਮ ਰਾਹੀਂ ਪੰਜਾਬ, ਪੰਜਾਬਿਅਤ, ਪੰਜਾਬੀ ਵਿਰਸੇ ਅਤੇ ਪੰਜਾਬੀ ਭਾਸ਼ਾ ਨੂੰ ਪ੍ਰਫੁਲਿਤ ਨਹੀਂ ਕਰਦਾ ਬਲਕਿ ਸਕੂਲਾਂ ਕਾਲਜਾਂ ਦੇ ਬੱਚਿਆਂ ਵਿੱਚ ਵੀ ਇਹ ਜਜ਼ਬਾ ਭਰ ਰਿਹਾ ਹੈ। 18 ਮਈ 2024 ਨੂੰ ਅਯਾਲੀ ਖੁਰਦ ਸਕੂਲ ਵਿੱਚ ਉੱਚ ਪੱਧਰ ਦਾ ਕਵਿਤਾ ਮੁਕਾਬਲਾ ਕਰਵਾਇਆ ਗਿਆ। ਜਿਸ ਵਿੱਚ 24 ਬੱਚਿਆਂ ਨੇ ਭਾਗ ਲਿਆ। 5 ਵਿਦਿਆਰਥੀਆਂ ਨੂੰ ਜੇਤੂ ਘੋਸ਼ਿਤ ਕਰਕੇ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ ਪੁਰਸਕਾਰ ਦੇ ਕੇ ਸਨਮਾਨਿਤ ਕੀਤਾ ਗਿਆ। ਪਹਿਲਾ ਪੁਰਸਕਾਰ ਨਰਿੰਦਰ ਸਿੰਘ, ਦੂਸਰਾ ਪੁਰਸਕਾਰ ਦਿਲਸ਼ਾਨ, ਤੀਸਰਾ ਪੁਰਸਕਾਰ ਹਰਸ਼ਿਤਾ, ਚੌਥਾ ਪੁਰਸਕਾਰ ਅੰਜਲੀ, ਪੰਜਵਾ ਪੁਰਸਕਾਰ ਜਸਨੂਰ ਨੂੰ ਮਿਲਿਆ। ਬਾਕੀ ਸਾਰੇ ਕਵਿਤਾ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ ਸਨਮਾਨ ਪੱਤਰ ਦਿੱਤੇ ਗਏ। ਪੀਂਘਾਂ ਸੋਚ ਦੀਆਂ ਸਾਹਿਤ ਮੰਚ ਦੇ ਸੰਸਥਾਪਕ ਅਤੇ ਪ੍ਰਧਾਨ ਰਸ਼ਪਿੰਦਰ ਕੌਰ ਗਿੱਲ ਜੀ, ਕੁਲਦੀਪ ਕੌਰ ਸਚਦੇਵਾ ਜੀ, ਵਕੀਲ ਤ੍ਰਿਪਤਾ ਬਰਮੋਦਾ ਜੀ, ਪ੍ਰਭਜੋਤ ਸਿੰਘ ਜੀ, ਰਛਪਾਲ ਸਿੰਘ ਜੀ, ਹਰਪ੍ਰੀਤ ਕੌਰ ਜੀ ਅਤੇ ਹਰਜਿੰਦਰ ਸਿੰਘ ਜੀ ਨੇ ਜੱਜ ਦੀ ਭੂਮਿਕਾ ਨਿਭਾਉਂਦੇ ਹੋਏ ਪੰਜ ਜੇਤੂ ਕੱਢੇ। ਜੱਜ ਸਹਿਬਾਨ ਲਈ ਫੈਂਸਲਾ ਲੈਣਾ ਬਹੁਤ ਹੀ ਮੁਸ਼ਕਿਲ ਸੀ, ਕਿਉਂਕਿ ਵਿਦਿਆਰਥੀਆਂ ਦੀ ਪੰਜਾਬੀ ਬਹੁਤ ਸ਼ੁੱਧ ਸੀ ਅਤੇ ਪੇਸ਼ਕਾਰੀ ਬਾ-ਕਮਾਲ ਸੀ। ਮੈਡਮ ਰੇਖਾ ਜੀ ਨੇ ਸਟੇਜ ਸੈਕਟਰੀ ਦੀ ਭੂਮਿਕਾ ਬਾਖੂਬੀ ਨਿਭਾਈ। ਮੈਡਮ ਰਵਿੰਦਰ ਕੌਰ ਜੀ ਨੇ ਸਾਰੇ ਵਿਦਿਆਰਥੀਆਂ ਨੂੰ ਬਾਖੂਬੀ ਮੁਕਾਬਲੇ ਲਈ ਤਿਆਰ ਕੀਤਾ ਹੋਇਆ ਸੀ। ਸਕੂਲ ਦੇ ਪ੍ਰਿੰਸੀਪਲ ਨੇ ਮੰਚ ਦੇ ਆਏ ਹੋਏ ਮਹਿਮਾਨਾਂ ਦਾ ਬਹੁਤ ਹੀ ਭਰਵਾਂ ਸਵਾਗਤ ਕੀਤਾ। ਇਸ ਕਵਿਤਾ ਮੁਕਾਬਲੇ ਦਾ ਜੋ ਆਕ੍ਰਸ਼ਣ ਦਾ ਕੇਂਦਰ ਸੀ ਉਹ ਸੀ ਅਯਾਲੀ ਖੁਰਦ ਸਕੂਲ, ਸਕੂਲ ਦੇ ਅਧਿਆਪਕ ਅਤੇ ਸਕੂਲ ਦੇ ਵਿਦਿਆਰਥੀ। ਜਿੱਥੇ ਪੰਜਾਬ ਭਰ ਦੇ ਪ੍ਰਾਇਵੇਟ ਸਕੂਲ ਪੰਜਾਬੀ ਬੋਲਣ ਅਤੇ ਪੜਾਉਣ ਤੋਂ ਮਨਾ ਕਰਦੇ ਹਨ, ਉੱਥੇ ਇਸ ਸਕੂਲ ਅਤੇ ਇਸ ਸਕੂਲ ਦੇ ਅਧਿਆਪਕਾਂ ਨੇ ਪੰਜਾਬੀ ਭਾਸ਼ਾ ਆਪਣੇ ਵਿਦਿਆਰਥੀਆਂ ਵਿੱਚ ਘੁੱਟ-ਘੁੱਟ ਕੇ ਭਰੀ ਹੋਈ ਹੈ। ਇਸ ਮੁਕਾਬਲੇ ਵਿੱਚ ਬੱਚਿਆਂ ਨੂੰ ਆਪਣੇ ਪੰਜਾਬੀ ਵਿਰਸੇ ਨਾਲ ਜੁੜੇ ਦੇਖ ਕੇ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਦੇ ਮੈਂਬਰ ਵੀ ਹੈਰਾਨ ਸਨ। ਸਕੂਲ ਦੇ ਅਧਿਆਪਕਾਂ ਅਤੇ ਬੱਚਿਆਂ ਦੀ ਮਿਹਨਤ ਸਦਕਾ ਇਹ ਮੁਕਾਬਲਾ ਮੰਚ ਲਈ ਇੱਕ ਯਾਦਗਿਰੀ ਸਮਾਗਮ ਹੋ ਨਿਬੜਿਆ। ਆਏ ਹੋਏ ਸਾਰੇ ਪਤਵੰਤੇ ਸੱਜਣਾ ਦਾ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਵੱਲੋਂ ਸਨਮਾਨ ਪੱਤਰ ਦੇ ਕੇ ਸਤਿਕਾਰ ਕੀਤਾ ਗਿਆ। ਇਸ ਕਵਿਤਾ ਮੁਕਾਬਲੇ ਨੂੰ ਸਪਾਂਸਰ ਕੀਤਾ ਯੂਕੋ ਬੈਂਕ ਹਬੜਕਲਾਂ ਬ੍ਰਾਂਚ ਵੱਲੋਂ। ਬ੍ਰਾਂਚ ਦੇ ਮੈਨੇਜਰ ਰਛਪਾਲ ਸਿੰਘ ਜੀ ਦਾ ਅਤੇ ਅਯਾਲੀ ਖੁਰਦ ਸੀਨੀਅਰ ਸੈਕੰਡਰੀ ਸਕੂਲ ਲੁਧਿਆਣਾ ਦਾ ਪੀਂਘਾਂ ਸੋਚ ਦੀਆਂ ਸਾਹਿਤ ਮੰਚ ਦਿਲੋਂ ਧੰਨਵਾਦੀ ਹੈ।







## ਬੀ.ਸੀ. ਲਾਟਰੀ ਕਾਰਪੋਰੇਸ਼ਨ ਵੱਲੋਂ ਰਿਚਮੰਡ ਕਮਿਊਨਿਟੀ ਸਰਵਿਸਿਜ਼ ਸੋਸਾਇਟੀ ਦਾ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 19 ਮਈ : ਏਸ਼ੀਅਨ ਹੈਰੀਟੇਜ ਮਹੀਨੇ ਦੇ ਜਸ਼ਨ 'ਤੇ ਬੀ.ਸੀ. ਲਾਟਰੀ ਕਾਰਪੋਰੇਸ਼ਨ ਵੱਲੋਂ ਰਿਚਮੰਡ ਕਮਿਊਨਿਟੀ ਸਰਵਿਸਿਜ਼ ਸੋਸਾਇਟੀ (RMCS) ਦਾ ਸਨਮਾਨ ਕੀਤਾ ਗਿਆ ਹੈ ਅਤੇ 5,000 ਡਾਲਰ ਦਾ ਚੈਂਕ ਪ੍ਰਦਾਨ ਕੀਤਾ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਸੋਸਾਇਟੀ ਦੇ ਬੁਲਾਰੇ ਬਲਵੰਤ ਸਿੰਘ ਸੰਘੇੜਾ ਨੇ ਦੱਸਿਆ ਹੈ ਕਿ ਰਿਚਮੰਡ ਕਮਿਊਨਿਟੀ ਸਰਵਿਸਿਜ਼




ਸੋਸਾਇਟੀ ਪਿਛਲੇ 40 ਸਾਲਾਂ ਤੋਂ ਵੱਧ ਸਮੇਂ ਤੋਂ ਰਿਚਮੰਡ ਭਾਈਚਾਰੇ ਦੀ ਸੇਵਾ ਕਰ ਰਹੀ ਹੈ। ਇਹ ਸੋਸਾਇਟੀ ਵਿਸ਼ੇਸ਼ ਕਰ ਕੇ ਨਵੇਂ ਆਉਣ ਵਾਲਿਆਂ ਅਤੇ ਲੋੜਵੰਦਾਂ ਦੀ ਮਦਦ ਕਰਨ ਲਈ ਸ਼ਾਨਦਾਰ ਕੰਮ ਕਰ ਰਹੀ ਹੈ। ਸੋਸਾਇਟੀ ਦੀਆਂ ਸੇਵਾਵਾਂ ਨੂੰ ਮਾਨਤਾ ਦਿੰਦਿਆਂ ਬੀਤੇ ਦਿਨੀਂ ਬੀ.ਸੀ. ਲਾਟਰੀ ਕਾਰਪੋਰੇਸ਼ਨ ਨੇ 5,000 ਡਾਲਰ ਦਾ ਚੈਂਕ ਪ੍ਰਦਾਨ ਕੀਤਾ।

ਇਸ ਸੰਬੰਧ ਵਿਚ ਰਿਚਮੰਡ ਦੇ ਰਿਵਰ ਰੌਕ ਕੈਸੀਨੋ ਦੇ ਸਹਿਯੋਗ ਨਾਲ ਸਮਾਗਮ ਕਰਵਾਇਆ ਗਿਆ। ਇਹ ਸਮਾਗਮ ਏਸ਼ੀਅਨ ਹੈਰੀਟੇਜ ਮਹੀਨੇ ਦੇ ਜਸ਼ਨ ਦੀ ਮਾਨਤਾ ਸੰਬੰਧੀ ਮਨਾਇਆ ਗਿਆ ਸੀ। ਇਸ ਮੌਕੇ RMCS, ਬੀ.ਸੀ. ਲਾਟਰੀ ਕਾਰਪੋਰੇਸ਼ਨ ਅਤੇ ਰਿਵਰ ਰੌਕ ਕੈਸੀਨੋ ਦੇ ਕਈ ਪ੍ਰਤੀਨਿਧ ਮੌਜੂਦ ਸਨ।

## ਨਰਮੇ ਦੇ ਲਾਏ ਜਾ ਰਹੇ ਪ੍ਰਦਰਸ਼ਨੀ ਪਲਾਟਾਂ ਅਤੇ ਕਿਸਾਨਾਂ ਵੱਲੋਂ ਕੀਤੀ ਜਾ ਰਹੀ ਬਿਜਾਈ ਦਾ ਲਿਆ ਜਾਇਜਾ

### ਨਰਮੇ ਦੀ ਸਫਲ ਕਾਸਤ ਲਈ ਬਿਜਾਈ ਦਾ ਕੰਮ ਜਲਦ ਮੁਕੰਮਲ ਕਰ ਲਿਆ ਜਾਵੇ : ਡਾ. ਅਮਰੀਕ ਸਿੰਘ

ਵਰਲਡ ਪੰਜਾਬੀ ਟਾਈਮਜ਼

ਫਰੀਦਕੋਟ , 19 ਮਈ : ਜ਼ਿਲਾ ਫਰੀਦਕੋਟ 'ਚ ਨਰਮੇ ਦੀ ਫਸਲ ਦੀ ਪੁਨਰ ਸੁਰਜੀਤੀ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਚਲਾਈ ਜਾ ਰਹੀ ਮੁਹਿੰਮ ਤਹਿਤ ਕਿਸਾਨਾਂ ਨੂੰ ਨਰਮੇ ਦੀ ਕਾਸ਼ਤਕਾਰੀ ਤਕਨੀਕਾਂ ਸਬੰਧੀ ਜਾਣਕਾਰੀ ਦੇਣ ਲਈ ਜਾਗਰੂਕਤਾ ਕੈਂਪ ਅਤੇ ਪ੍ਰਦਰਸ਼ਨੀਆਂ ਲਾਈਆਂ ਜਾ ਰਹੀਆਂ ਹਨ। ਬਲਾਕ ਕੋਟਕਪੂਰਾ ਦੇ ਪਿੰਡ ਖਾਰਾ 'ਚ ਨਰਮੇ ਦੇ ਲਾਏ ਜਾ ਰਹੇ ਪ੍ਰਦਰਸ਼ਨੀ ਪਲਾਟਾਂ ਅਤੇ ਕਿਸਾਨਾਂ ਵੱਲੋਂ ਕੀਤੀ ਜਾ ਰਹੀ ਬਿਜਾਈ ਦਾ ਜਾਇਜਾ ਲੈਣ ਲਈ ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ ਨੇ ਦੌਰਾ ਕੀਤਾ। ਦੌਰੇ ਦੌਰਾਨ ਉਨਾਂ ਦੇ ਨਾਲ ਪਰਮਿੰਦਰ ਸਿੰਘ, ਲਖਵੀਰ ਸਿੰਘ, ਹਰਜਿੰਦਰ ਸਿੰਘ ਖੇਤੀ ਉਪ ਨਿਰੀਖਕ ਸਨ। ਕਿਸਾਨਾਂ ਨੂੰ ਝੋਨੇ ਹੇਠੋਂ ਰਕਬਾ ਕੱਢ ਕੇ ਨਰਮੇ ਦੀ ਕਾਸਤ ਕਰਨ ਲਈ ਪ੍ਰੇਰਿਤ ਕਰਦਿਆਂ ਡਾ. ਅਮਰੀਕ ਸਿੰਘ ਨੇ ਕਿਹਾ ਕਿ ਨਰਮੇ ਦੀ ਕਾਸ਼ਤ ਘਟ ਪਾਣੀ ਇਲਾਕਿਆਂ 'ਚ ਕੀਤੀ ਜਾ ਸਕਦੀ ਹੈ। ਉਨਾਂ ਕਿਹਾ ਕਿ ਝੋਨੇ ਦੀ ਕਾਸ਼ਤ ਲਈ ਬਹੁਤ ਵੱਡੀ ਮਾਤਰਾ 'ਚ ਪਾਣੀ ਦੀ ਜਰੂਰਤ ਪੈਂਦੀ ਹੈ ਜਦ ਕਿ ਨਰਮਾ ਘੱਟ ਪਾਣੀ ਨਾਲ ਵੀ ਹੋ ਜਾਂਦਾ ਹੈ। ਉਹਨਾਂ ਕਿਹਾ ਕਿ ਪਿਛਲੇ ਸਾਲ ਮੌਸਮੀ ਖਰਾਬੀ ਦੇ ਕਾਰਨ ਨਰਮੇ ਦੀ ਫਸਲ ਦੀ ਪੈਦਾਵਰ ਘੱਟ ਮਿਲੀ ਸੀ, ਜਿਸ ਕਾਰਨ ਕਿਸਾਨਾਂ ਨੂੰ ਕਾਫੀ ਨੁਕਸਾਨ ਝੱਲਣਾ ਪਿਆ ਸੀ। ਉਹਨਾਂ ਕਿਹਾ ਕਿ ਨਰਮੇ ਦੀ ਫਸਲ ਨੂੰ ਮੁੱਖ ਤੌਰ 'ਤੇ ਗੁਲਾਬੀ ਸੁੰਡੀ ਅਤੇ ਚਿੱਟੀ ਮੱਖੀ ਨਾਮੀ ਕੀਟ ਨੁਕਸਾਨ ਪਹੁੰਚਾਉਂਦੇ ਹਨ, ਜਿਨਾਂ ਦੀ ਰੋਕਥਾਮ ਲਈ ਸਮੇਂ ਸਿਰ ਨਿਗਰਾਨੀ ਕਰਨੀ ਬਹੁਤ ਜਰੂਰੀ ਹੁੰਦੀ ਹੈ। ਉਹਨਾਂ ਕਿਹਾ ਕਿ ਨਰਮੇ ਦੀ ਕਾਸ਼ਤ ਲਈ ਸਿਫਾਰਸ਼ਸ਼ੁਦਾ ਕਿਸਮਾਂ ਦੀ ਹੀ ਕਾਸ਼ਤ ਕਰਨੀ ਚਾਹੀਦੀ ਹੈ। ਉਨਾਂ ਕਿਹਾ ਕਿ ਨਰਮੇ ਦੀ ਬਿਜਾਈ 15 ਮਈ ਤੱਕ ਕਰ ਲੈਣ ਲਈ ਸਿਫਾਰਸ ਕੀਤੀ ਜਾਂਦੀ ਹੈ ਪਰ ਇਸ ਵਾਰ ਕਣਕ ਦੀ ਕਟਾਈ ਪਿਛੇਤੀ ਹੋਣ ਕਾਰਨ ਨਰਮੇ ਦੀ ਬਿਜਾਈ ਵੀ ਪੱਛੜ ਗਈ ਹੈ। ਉਨਾਂ ਕਿਹਾ ਕਿ ਕਿਸੇ ਕਿਸਮ ਦੀ ਸਮੱਸਿਆ ਤੋਂ ਬਚਣ ਲਈ ਨਰਮੇ ਦੀ ਬਿਜਾਈ ਜਲਦ ਤੋਂ ਜਲਦ ਮੁਕੰਮਲ ਕਰ ਲੈਣੀ ਚਾਹੀਦੀ ਹੈ। ਉਹਨਾਂ ਦੱਸਿਆ ਕਿ ਨਰਮੇ ਦੀ ਕਾਸ਼ਤ ਲਈ ਖਾਦਾਂ ਦੀ ਵਰਤੋਂ ਮਿੱਟੀ ਪਰਖ ਰਿਪੋਰਟ ਦੇ ਅਧਾਰ ਤੇ ਹੀ ਕਰਨੀ ਚਾਹੀਦੀ ਹੈ। ਉਹਨਾਂ ਕਿਹਾ ਕਿ ਨਰਮੇ ਦੀ ਕਾਸ਼ਤ ਨੂੰ ਉਤਸਾਹਿਤ ਕਰਨ ਲਈ ਪਿੰਡ ਖਾਰਾ ਨੂੰ ਨਰਮੇ ਦੀ ਕਾਸਤ ਲਈ ਨਮੂਨੇ ਦੇ ਪਿੰਡ ਵਜੋਂ ਵਿਕਸਤ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਨਾਂ ਪਿੰਡਾਂ 'ਚ ਨਰਮੇ ਦੀ ਕਾਸਤ ਕਰਨ ਵਾਲੇ ਕਿਸਾਨਾਂ ਨੂੰ ਤਕਨੀਕ ਪਖੋ ਹਰ ਮਦਦ ਕੀਤੀ ਜਾਵੇਗੀ। ਉਨਾਂ ਦੱਸਿਆ ਕਿ ਇਨਾਂ ਪਿੰਡਾਂ ਦੇ ਖੇਤਾਂ ਦੀ ਮਿੱਟੀ ਦੇ ਨਮੂਨੇ ਲਏ ਗਏ ਹਨ ਅਤੇ ਪ੍ਰਯੋਗਸ਼ਾਲਾ 'ਚ ਪਰਖ ਕਰਕੇ ਕਿਸਾਨਾਂ ਨੂੰ ਰਿਪੋਰਟ ਦੇ ਅਧਾਰ 'ਤੇ ਖਾਦਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ। ਉਨਾਂ ਦੱਸਿਆ ਕੀ ਆਤਮਾ ਤਹਿਤ ਪਿੰਡ ਖਾਰਾ 'ਚ ਫਾਰਮ ਸਕੂਲ ਲਾਏ ਜਾ ਰਹੇ ਹਨ ਤਾਂ ਜੋ ਨਰਮੇ ਦੀ ਕਾਸਤ ਨੂੰ ਪੁਨਰਸੁਰਜੀਤ ਕੀਤਾ ਜਾ ਸਕੇ। ਉਹਨਾਂ ਕਿਹਾ ਕਿ ਬਿਜਾਈ ਤੋਂ ਲੈ ਕੇ ਛੱਟੀਆਂ ਦੀ ਸੰਭਾਲ ਤੱਕ ਲਾਈਆਂ ਜਾਣ ਵਾਲੀਆਂ ਛੇ ਕਲਾਸਾਂ 'ਚ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਅਤੇ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਖੇਤੀਬਾੜੀ ਮਾਹਿਰਾਂ ਵੱਲੋਂ ਹਰ ਪੱਖੋਂ ਤਕਨੀਕੀ ਜਾਣਕਾਰੀ ਦਿੱਤੀ ਜਾਵੇਗੀ। ਡਾ. ਗੁਰਪ੍ਰੀਤ ਸਿੰਘ ਨੇ ਕਿਹਾ ਕਿ ਨਰਮੇ ਦੀ ਫਸਲ ਵਿੱਚ ਨਦੀਨਾਂ ਦੀ ਰੋਕਥਾਮ ਲਈ ਇੱਕ ਲਿਟਰ ਪੈਂਡੀਮੈਥਾਲੀਨ ਪ੍ਰਤੀ ਏਕੜ ਨੂੰ 200 ਲਿਟਰ ਪਾਣੀ ਦੇ ਘੋਲ 'ਚ ਬਿਜਾਈ ਤੋਂ 24 ਘੰਟਿਆਂ 'ਚ ਛਿੜਕਾਅ ਕਰ ਦੇਣਾ ਚਾਹੀਦਾ। ਡਾ. ਗੁਰਮਿੰਦਰ ਸਿੰਘ ਬਰਾੜ ਨੇ ਨਰਮੇ ਦੀ ਕਾਸ਼ਤ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਹੋਰਨਾਂ ਤੋਂ ਇਲਾਵਾ ਡਾ. ਨਿਸ਼ਾਨ ਸਿੰਘ, ਡਾ. ਜਸਵੰਤ ਸਿੰਘ, ਰਾਜਾ ਸਿੰਘ, ਕਿਸਾਨ ਗੁਰਬਚਨ ਸਿੰਘ ਸਮੇਤ ਹੋਰ ਕਿਸਾਨ ਹਾਜਰ ਸਨ।



## ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕੇਂਦਰੀ ਜੇਲ੍ਹਅਤੇ ਜਨਾਨਾ ਜੇਲ੍ਹ ਦਾਦੌਰਾ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ

ਬਠਿੰਡਾ, 19 ਮਈ : ਮਾਣਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਸ਼੍ਰੀ ਮਨਜਿੰਦਰ ਸਿੰਘ ਵੱਲੋਂ ਅੱਜ ਕੇਂਦਰੀ ਜੇਲ੍ਹ ਅਤੇ ਜਨਾਨਾ ਜੇਲ੍ਹ, ਬਠਿੰਡਾ ਦਾ ਦੌਰਾ ਕੀਤਾ ਗਿਆ।

ਇਸ ਮੌਕੇ ਮਾਨਯੋਗ ਜੱਜ ਸਾਹਿਬ ਨੇ ਉਥੇ ਰਹਿ ਰਹੇ ਹਵਾਲਾਤੀਆਂ/ਕੈਦੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਮੁਸ਼ਕਿਲਾਂ ਦਾ ਹੱਲ ਕਰਨ ਲਈ ਸਬੰਧਿਤ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਨੇ ਇਸ ਮੌਕੇ ਜੇਲ੍ਹ ਹਵਾਲਾਤੀਆਂ/ਕੈਦੀਆਂ ਨੂੰ ਮਾਨਯੋਗ ਹਾਈਕੋਰਟ ਅਤੇ ਮਾਨਯੋਗ ਸੁਪਰੀਮ ਕੋਰਟ ਵਿਖੇ ਅਪੀਲ ਕਰਨ ਲਈ ਮੁਫਤ ਕਾਨੂੰਨੀ ਸਹਾਇਤਾ ਸਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਹਵਾਲਾਤੀਆਂ/ਕੈਦੀਆਂ ਲਈ ਜੇਲ੍ਹ ਪ੍ਰਸ਼ਾਸਨ ਵੱਲੋਂ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ ਗਿਆ।



ਇਸ ਤੋਂ ਇਲਾਵਾ ਮਾਣਯੋਗ ਜੱਜ ਸਾਹਿਬ ਨੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਠਿੰਡਾ ਦੇ ਮੁਫਤ ਕਾਨੂੰਨੀ ਸਹਾਇਤਾ ਦੇ ਪੈਨਲ ਅਤੇ ਲੀਗਲ ਏਡ ਡਿਫੈਂਸ ਕੌਂਸਲ ਦੇ ਵਕੀਲ ਸਾਹਿਬਾਨ ਨਾਲ ਮੀਟਿੰਗ ਕੀਤੀ ਅਤੇ ਉਹਨਾਂ ਨੂੰ ਮੁਫਤ ਕਾਨੂੰਨੀ ਸਹਾਇਤਾ ਦੀ ਸਕੀਮ ਦਾ ਲਾਹਾ ਯੋਗ ਪ੍ਰਾਰਥੀਆਂ ਤੱਕ ਸੁਚੱਜੇ ਢੰਗ ਨਾਲ ਪਹੁੰਚਾਉਣ ਦੀ ਹਦਾਇਤ ਕੀਤੀ ਤਾਂ ਜੋ ਕੋਈ ਵੀ ਵਿਅਕਤੀ ਨਿਆਂ ਤੋਂ ਵਾਂਝਾ ਨਾ ਰਹੇ।

ਇਸ ਮੌਕੇ ਸਿਵਲ ਜੱਜ (ਸ.ਡ.)/ ਸੀ.ਜੇ.ਐਮ.-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਠਿੰਡਾ ਸ਼੍ਰੀ ਸੁਰੇਸ਼ ਕੁਮਾਰ ਗੋਇਲ ਵੀ ਮੌਜੂਦ ਸਨ।